## FOR ADVERTISEMENT IN PUNJABI NEWSPAPERS

### ਖ਼ਾਲਸਾ ਕਾਲਜ ਵਿਖੇ ਮੁਫ਼ਤ ਸਿਲਾਈ ਕਢਾਈ ਤੇ ਕੁਕਿੰਗ ਕੋਰਸ ਦੀਆਂ ਕਲਾਸਾਂ 20 ਸਤੰਬਰ ਤੋਂ

ਖ਼ਾਲਸਾ ਕਾਲਜ ਵਿਖੇ ਲਾਈਫ ਲੌਂਗ ਲਰਨਿੰਗ ਪ੍ਰੋਗਰਾਮ ਤਹਿਤ ਸਿਲਾਈ ਸੈਂਟਰ 'ਚ ਮੁਫ਼ਤ ਸਿਲਾਈ ਕਢਾਈ, ਕੁਕਿੰਗ ਕੋਰਸ, ਆਚਾਰ, ਮੁਰੱਬੇ, ਸਰਫ, ਫ਼ਰਨਾਇਲ ਬਣਾਉਣ ਸਬੰਧੀ 20 ਸਤੰਬਰ, 2019 ਤੋਂ ਕਲਾਸਾਂ ਸ਼ੁਰੂ ਹੋ ਰਹੀਆਂ ਹਨ ਤੇ ਇਨ੍ਹਾਂ ਕੋਰਸਾਂ ਲਈ ਉਮਰ ਦੀ ਕੋਈ ਸੀਮਾ ਨਹੀਂ ਹੈ। ਕਾਲਜ ਪ੍ਰਿੰਸੀਪਲ ਡਾ. ਮਹਿਲ ਸਿੰਘ ਨੇ ਦੱਸਿਆ ਕਿ ਉਕਤ ਕੋਰਸ ਦੀਆਂ ਕਲਾਸਾਂ 'ਚ ਕੋਈ ਵੀ ਲੜਕੀ, ਘਰੇਲੂ ਔਰਤ ਸੈਂਟਰ 'ਚ ਦਾਖਲਾ ਲੈ ਕੇ ਅੱਜ ਦੇ ਮਹਿੰਗਾਈ ਦੇ ਦੌਰ 'ਚੋਂ ਹੁਨਰਮੰਦ ਕਿੱਤਾਮੁੱਖੀ ਕੋਰਸ ਕਰਕੇ ਤੇ ਆਪਣੀ ਆਮਦਨ 'ਚ ਵਾਧਾ ਕਰਕੇ ਆਪਣੇ ਘਰ ਦਾ ਗੁਜ਼ਾਰਾ ਵਧੀਆਂ ਤਰੀਕੇ ਨਾਲ ਕਰ ਸਕਦੀ ਹੈ।ਬਾਰਡਰ ਏਰੀਆ ਦੀਆਂ ਲੜਕੀਆਂ ਅਤੇ ਔਰਤਾਂ ਨੂੰ ਪਹਿਲ ਦੇ ਆਧਾਰ ਤੇ ਸੀਟ ਮਿਲੇਗੀ।ਕੋਰਸ ਉਪਰੰਤ ਖ਼ਾਲਸਾ ਕਾਲਜ ਵਲੋਂ ਸਰਟੀਫਿਕੇਟ ਦਿੱਤਾ ਜਾਂਦਾ ਹੈ। ਇਸ ਸੰਬੰਧੀ ਆਪਣਾ ਨਾਮ ਦਾਖਲ (ਰਜਿਸਟਰ) ਕਰਵਾਉਣ ਲਈ ਕਾਲਜ ਦੇ ਲਾਇਬ੍ਰੇਰੀ ਸਟਾਫ਼ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਕਾਲਜ ਵੱਲੋਂ ਇਹ ਪ੍ਰੋਗਰਾਮ ਸਮਾਜ ਸੇਵਾ ਦੇ ਨਜ਼ਰੀਏ ਤੋਂ ਸਕਿਲ ਡਿਵਲਮੈਂਟ ਪ੍ਰੋਗਰਾਮ ਤਹਿਤ ਕਰਵਾਇਆ ਜਾ ਰਿਹਾ ਹੈ।